ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਬਠਿੰਡਾ ਜ਼ਿਲ੍ਹੇ ਵਿਚ ਇਕ ਹੋਰ ਕਰੋਨਾ ਮਰੀਜ ਦੀ ਪੁਸ਼ਟੀ

ਇਕ ਮਰੀਜ ਠੀਕ ਹੋ ਕੇ ਘਰ ਪਰਤਿਆ

ਜ਼ਿਲ੍ਹੇ ਵਿਚ ਐਕਟਿਵ ਮਰੀਜਾਂ ਦੀ ਗਿਣਤੀ 5

ਬਠਿੰਡਾ, 30 ਮਈ:

ਬਠਿੰਡਾ ਜ਼ਿਲ੍ਹੇ ਵਿਚ ਅੱਜ ਇਕ ਹੋਰ ਕਰੋਨਾ ਮਰੀਜ ਦੀ ਪੁਸ਼ਟੀ ਹੋਈ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਅੱਜ ਪ੍ਰਾਪਤ ਦੋ ਰਿਪਰਟਾਂ ਵਿਚੋਂ ਇਕ ਪਾਜਿਟਿਵ ਤੇ ਇਕ ਨੈਗੇਟਿਵ ਆਈ ਹੈ। ਪਾਜਿਟਿਵ ਪਾਈ ਗਈ ਮਹਿਲਾ ਦਿੱਲੀ ਤੋਂ ਪਰਤੀ ਸੀ ਅਤੇ ਜ਼ਿਲ੍ਹੇ ਵਿਚ ਆਉਣ ਤੋਂ ਲੈਕੇ ਹੀ ਆਪਣੇ ਘਰ ਵਿਚ ਹੀ ਇਕਾਂਤਵਾਸ ਵਿਚ ਸੀ। ਉਸਦੇ ਪਤੀ ਦੀ ਰਿਪੋਰਟ ਨੈਗੇਟਿਵ ਆਈ ਹੈ। ਉਹ 25 ਮਈ ਨੂੰ ਦਿੱਲੀ ਤੋਂ ਵਾਪਿਸ ਆਈ ਸੀ ਅਤੇ ਰਾਮਾਂਮੰਡੀ ਦੀ ਰਹਿਣ ਵਾਲੀ ਸੀ।

ਦੂਜੇ ਪਾਸੇ ਦੁਬਈ ਤੋਂ ਪਰਤੇ ਇਕ ਸਖ਼ਸ ਨੂੰ ਅੱਜ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਕੁਝ ਦਿਨ ਪਹਿਲਾਂ ਦੁਬਈ ਤੋਂ ਪਰਤੇ ਇਸ ਸਖ਼ਸ ਦਾ ਕਰੋਨਾ ਟੈਸਟ ਪਾਜਿਟਿਵ ਆਇਆ ਸੀ।

ਇਸ ਤਰਾਂ ਹੁਣ ਜ਼ਿਲ੍ਹੇ ਵਿਚ 4 ਕੱਲ ਆਏ ਪਾਜਿਟਿਵ ਕੇਸਾਂ ਸਮੇਤ ਕੁੱਲ 5 ਐਕਟਿਵ ਕੇਸ ਹਨ। ਦੂਜੇ ਪਾਸੇ ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਦੱਸਿਆ ਕਿ ਬੀਤੇ ਕੱਲ ਭੇਜੇ ਗਏ 113 ਨਮੂਨਿਆਂ ਦੀ ਰਿਪੋਰਟ ਆਉਣੀ ਬਾਕੀ ਹੈ।

I/29117/2020

Scanned by CamScanner